# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 29-09-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹੈ ਕਿ ਮੇਕ ਇਨ ਇੰਡੀਆ ਪਹਿਲਕਦਮੀ ਨਾਲ ਨਿਰਮਾਣ ਸ਼ਕਤੀ ਦੇ ਕੇਂਦਰ ਬਣ ਗਿਆ ਏ। ਉਨ੍ਹਾਂ ਕਿਹੈ ਕਿ ਇਸ ਮੁਹਿੰਮ ਨਾਲ ਗਰੀਬ, ਦਰਮਿਆਨੇ ਵਰਗ ਅਤੇ ਬਹੁਤ ਛੋਟੇ, ਛੋਟੇ ਤੇ ਦਰਮਿਆਨੀਆਂ ਸਨਅਤਾਂ ਨੂੰ ਬਹੁਤ ਲਾਭ ਹੋਇਆ ਏ ਅਤੇ ਇਸ ਮੁਹਿੰਮ ਨੇ ਹਰੇਕ ਤਬਕੇ ਦੇ ਲੋਕਾਂ ਨੂੰ ਆਪਣਾ ਹੁਨਰ ਵਿਖਾਉਣ ਦਾ ਮੌਕਾ ਦਿੱਤਾ ਏ। ਅੱਜ ਆਕਾਸ਼ਵਾਣੀ ’ਤੇ ਮਨ ਕੀ ਬਾਤ ਪ੍ਰੋਗਰਾਮ ਦੀ 114ਵੀਂ ਕੜੀ ਵਿਚ ਪ੍ਰਧਾਨ ਮੰਤਰੀ ਨੇ ਮੇਕ ਇਨ ਇੰਡੀਆ ਪਹਿਲਕਦਮੀ ਦੀ ਸਫ਼ਲਤਾ ਦਾ ਖ਼ਾਸ ਜ਼ਿਕਰ ਕੀਤਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਇਸ ਮੁਹਿੰਮ ਦੀ ਸਫ਼ਲਤਾ ਵਿਚ ਦੇਸ਼ ਦੀਆਂ ਵੱਡੀਆਂ ਸਨਅਤਾਂ ਦੇ ਨਾਲ-ਨਾਲ ਛੋਟੇ ਦੁਕਾਨਦਾਰਾਂ ਦਾ ਵੀ ਯੋਗਦਾਨ ਸ਼ਾਮਿਲ ਏ ਜਿਸ ਨਾਲ ਹਰੇਕ ਖੇਤਰ  ਲਾਭ ਹੋਇਆ ਏ , ਬਰਾਮਦ ਵਧਿਆ ਏ ਤੇ

ਸਿੱਧੇ ਵਿਦੇਸ਼ੀ ਨਿਵੇਸ਼ ਨੂੰ ਵੀ ਆਕਰਸ਼ਤ ਕੀਤਾ ਏ। ਸ਼੍ਰੀ ਮੋਦੀ ਨੇ ਕਿਹਾ ਕਿ ਸਰਕਾਰ ਉਤਪਾਦਾਂ ਦੀ ਗੁਣਵੱਤਾ 'ਤੇ ਧਿਆਨ ਦੇ ਰਹੀ ਏ ਅਤੇ ਵੋਕਲ ਫਾਰ ਲੋਕਲ ਨੂੰ ਉਤਸ਼ਾਹਿਤ ਕਰ ਰਹੀ ਏ। ਰੁਜ਼ਗਾਰ ਵਿੱਚ ਤਬਦੀਲੀਆਂ ਦਾ ਜ਼ਿਕਰ ਕਰਦਿਆਂ ਪ੍ਰਧਾਨ ਮੰਤਰੀ ਨੇ ਕਿਹਾ ਕਿ ਨਵੇਂ ਖੇਤਰਾਂ ਦੇ ਆਉਣ ਨਾਲ ਰੁਜ਼ਗਾਰ ਦੇ ਢੰਗ-ਤਰੀਕੇ ਵੀ ਬਦਲ ਰਹੀ ਨੇ। ਉਨ੍ਹਾਂ ਕਿਹਾ ਕਿ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਨੇ ਹੁਨਰ ਤੇ ਰਚਨਾਤਮਕਤਾ ਨੂੰ ਉਤਸ਼ਾਹਿਤ ਕਰਨ ਲਈ ਕ੍ਰੀਏਟ ਇਨ ਇੰਡੀਆ ਉਦੇਸ਼ ਤਹਿਤ 25 ਚੁਣੌਤੀਆਂ ਸ਼ੁਰੂ ਕੀਤੀਆਂ ਨੇ। ਇਸ ਸਾਲ 2 ਅਕਤੂਬਰ ਨੂੰ 10 ਸਾਲ ਪੂਰੇ ਕਰ ਰਹੇ ਸਵੱਛ ਭਾਰਤ ਮਿਸ਼ਨ ਦੀ ਸਫਲਤਾ ਦਾ ਜ਼ਿਕਰ ਕਰਦੇ ਹੋਏ ਪ੍ਰਧਾਨ ਮੰਤਰੀ ਨੇ ਕਿਹਾ ਕਿ ਇਸ ਮਿਸ਼ਨ ਦੀ ਸਫਲਤਾ ਦੇ ਕਾਰਨ ਹੀ ਲੋਕਾਂ ਵਿੱਚ 'ਵੇਸਟ ਟੂ ਵੈਲਥ' ਦਾ ਮੰਤਰ ਪ੍ਰਚਲਿਤ ਹੋ ਰਿਹਾ ਏ। ਉਨ੍ਹਾਂ ਕਿਹਾ ਕਿ ਹੁਣ ਲੋਕ ਘੱਟ, ਮੁੜ ਵਰਤੋਂ ਅਤੇ ਰੀਸਾਈਕਲ ਦੀ ਗੱਲ ਕਰਨ ਲੱਗ ਪਏ ਹਨ।

------------------------------------------------------------------------

ਪੰਜਾਬ ਦੇ ਖੁਰਾਕ, ਸਿਵਲ ਸਪਲਾਈ ਅਤੇ ਖ਼ਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਖੁਰਾਕ ਅਤੇ ਸਿਵਲ ਸਪਲਾਈ ਵਿਭਾਗ ਦੇ ਉੱਚ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕੀਤੀ ਅਤੇ ਅੰਤਰਰਾਜੀ ਸਰਹੱਦਾਂ 'ਤੇ ਟੀਮਾਂ ਦੀ ਤਾਇਨਾਤੀ ਲਈ ਪੁਲਿਸ ਵਿਭਾਗ ਨਾਲ ਤਾਲਮੇਲ ਕਰਨ ਦੇ ਨਿਰਦੇਸ਼ ਦਿੱਤੇ ਤਾਂ ਜੋ ਆਗਾਮੀ ਸਾਉਣੀ ਸੀਜ਼ਨ ਦੌਰਾਨ ਸੂਬੇ ਤੋਂ ਬਾਹਰੋਂ ਗੈਰ-ਕਾਨੂੰਨੀ ਰੀਸਾਈਕਲ ਝੋਨੇ ਜਾਂ ਚਾਵਲ ਨੂੰ ਪੰਜਾਬ ਵਿੱਚ ਦਾਖਲ ਹੋਣ ਤੋਂ ਰੋਕਿਆ ਜਾ ਸਕੇ ਅਤੇ ਝੋਨੇ ਦੀ ਜਾਅਲੀ ਬਿਲਿੰਗ ਤੋਂ ਬਚਿਆ ਜਾ ਸਕੇ। ਝੋਨੇ ਦੀ ਖ਼ਰੀਦ ਸਬੰਧੀ ਕੀਤੇ ਗਏ ਪ੍ਰਬੰਧਾਂ 'ਤੇ ਤਸੱਲੀ ਪ੍ਰਗਟ ਕਰਦਿਆਂ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਕਿਸਾਨਾਂ ਦੀ ਫ਼ਸਲ ਦੀ ਨਿਰਵਿਘਨ ਖ਼ਰੀਦ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਤਿਆਰ ਏ। ਸੂਬੇ ਵਿੱਚ 1 ਅਕਤੂਬਰ ਤੋਂ ਸ਼ੁਰੂ ਹੋਣ ਵਾਲੇ ਸੀਜ਼ਨ ਦੌਰਾਨ ਕਿਸਾਨਾਂ ਵੱਲੋਂ ਮੰਡੀਆਂ ਵਿੱਚ ਲਿਆਂਦੇ ਜਾਣ ਵਾਲੇ 185 ਲੱਖ ਮੀਟਰਕ ਟਨ ਝੋਨੇ ਦੀ ਖਰੀਦ ਕੀਤੇ ਜਾਣ ਦੀ ਉਮੀਦ ਏ। ਮੀਟਿੰਗ ਦੌਰਾਨ ਪ੍ਰਮੁੱਖ ਸਕੱਤਰ ਖੁਰਾਕ ਤੇ ਸਪਲਾਈ ਵਿਕਾਸ ਗਰਗ, ਡਾਇਰੈਕਟਰ ਖੁਰਾਕ ਤੇ ਸਪਲਾਈਜ਼ ਪੁਨੀਤ ਗੋਇਲ, ਵਧੀਕ

ਸਕੱਤਰ ਕਮਲ ਕੁਮਾਰ ਗਰਗ, ਵਧੀਕ ਮੈਨੇਜਿੰਗ ਡਾਇਰੈਕਟਰ ਪਨਗ੍ਰੇਨ ਰਾਕੇਸ਼ ਪੋਪਲੀ, ਵਧੀਕ ਡਾਇਰੈਕਟਰ ਰਾਈਸ ਅਜੈਵੀਰ ਸਿੰਘ ਸਰਾਓ ਵੀ ਹਾਜ਼ਰ ਰਹੇ ।

--------------------------------------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜਿਹੜੇ ਕਿ 3 ਦਿਨਾਂ ਤੋਂ ਮੋਹਾਲੀ ਦੇ ਫੋਰਟਿਸ ਹਸਪਤਾਲ ਵਿਚ ਦਾਖਲ ਹਨ, ਦਾ ਹਾਲਚਾਲ ਪੁੱਛਣ ਲਈ ਪਾਰਟੀ ਦੇ ਕੌਮੀ ਸੰਗਠਨ ਸਕੱਤਰ ਤੇ ਰਾਜ ਸਭਾ ਮੈਂਬਰ ਡਾ. ਸੰਦੀਪ ਪਾਠਕ ਬੀਤੀ ਦੇਰ ਸ਼ਾਮ ਮੋਹਾਲੀ ਪਹੁੰਚੇ ਤੇ ਮੁਖ ਮੰਤਰੀ ਨਾਲ ਸੰਖੇਪ ਮੁਲਾਕਾਤ ਕੀਤੀ। ਓਧਰ, ਇਸ ਹਸਪਤਾਲ ਵ੍ਲੋਂ ਜਾਰੀ ਮੀਡੀਆ ਬੁਲੇਟਿਨ ਵਿਚ ਦੱਸਿਆ ਗਿਐ ਕਿ ਮੁੱਖ ਮੰਤਰੀ ਮਾਨ ਦੀ ਹਾਲਤ ਵਿਚ ਤੇਜ਼ੀ ਨਾਲ ਸੁਧਾਰ ਹੋ ਰਿਹਾ ਏ।

--------------------------------------------------------------------------------

ਭਾਜਪਾ ਦੀ ਪੰਜਾਬ ਇਕਾਈ ਦੇ ਜਨਰਲ ਸਕੱਤਰ ਅਨਿਲ ਸਰੀਨ ਨੇ ਲੁਧਿਆਣਾ ਵਿਖੇ ਪ੍ਰੈਸ ਕਾਨਫਰੰਸ ਦੌਰਾਨ ਕਿਹਾ ਕਿ ਗਰੀਬ ਅਤੇ ਆਮ ਲੋਕਾਂ ਨੂੰ ਸਿਹਤ ਸਹੂਲਤ ਲਈ ਭਾਰਤ ਸਰਕਾਰ ਦੀ ਆਯੁਸ਼ਮਾਨ ਸਕੀਮ ਦਾ ਪੰਜਾਬ ਵਿੱਚ ਬੰਦ ਹੋ ਜਾਣਾ ਪੰਜਾਬ ਸਰਕਾਰ ਦੀ ਵੱਡੀ

ਨਾਕਾਮੀ ਏ । ਸਰੀਨ ਨੇ ਕਿਹਾ ਕਿ ਪੂਰੇ ਭਾਰਤ ਵਿੱਚ ਆਯੁਸ਼ਮਾਨ ਸਕੀਮ ਤਹਿਤ ਕਰੋੜਾਂ ਹੀ ਲੋਕਾਂ ਨੂੰ ਫਾਇਦਾ ਮਿਲ ਰਿਹਾ ਏ ਤੇ ਦੂਜੇ ਪਾਸੇ ਪੰਜਾਬ ਵਿਚ ਇਹ ਸਕੀਮ ਬੰਦ ਹੋਣ ਲਈ ਸੂਬਾ ਸਰਕਾਰ ਸਿਆਸੀ ਸ਼ੋਸ਼ੇਬਾਜੀ ਤਹਿਤ ਕੇਂਦਰ ਸਰਕਾਰ ਨੂੰ ਜ਼ਿੰਮੇਵਾਰ ਦੱਸਦੀ ਏ , ਜਦਕਿ ਬੀਤੇ ਰੋਜ਼ ਹੀ ਕੇਂਦਰ ਸਰਕਾਰ ਨੇ ਅਦਾਲਤ ਵਿੱਚ ਹਲਫਨਾਮਾ ਦੇ ਕੇ ਦੱਸਿਆ ਏ ਕਿ ਆਯੁਸ਼ਮਾਨ ਸਕੀਮ ਦੇ ਤਹਿਤ 2023-24 ਤੱਕ ਦੀ ਬਣਦੀ ਰਾਸ਼ੀ ਦਾ ਭੁਗਤਾਨ ਪੰਜਾਬ ਸਰਕਾਰ ਨੂੰ ਕੀਤਾ ਜਾ ਚੁੱਕਿਆ ਏ ।

--------------------------------------------------------------------------------

ਪੰਜਾਬ ਵਿਚ ਅੱਜ (ਐਤਵਾਰ) ਮੌਸਮ ਸਾਫ਼ ਰਹੇਗਾ ਤੇ ਹਾਲੇ ਮੀਂਹ ਪੈਣ ਦੇ ਆਸਾਰ ਨਹੀਂ। ਮੌਸਮ ਵਿਭਾਗ ਮੁਤਾਬਕ ਸੂਬੇ ਵਿਚ 4 ਅਕਤੂਬਰ ਤੱਕ ਮੀਂਹ ਪੈਣ ਦੀ ਕੋਈ ਸੰਭਾਵਨਾ ਨਹੀਂ ਅਤੇ ਨਾ ਕੋਈ ਅਲਰਟ ਏ। ਹਾਲਾਂਕਿ ਸਾਰੇ ਜ਼ਿਲ੍ਹਿਆਂ ਵਿਚ ਤਾਪਮਾਨ ਵਿਚ ਗਿਰਾਵਟ ਦਰਜ ਕੀਤੀ ਗਈ ਏ। ਸੂਬੇ ਦਾ ਵੱਧ ਤੋਂ ਵੱਧ ਤਾਪਮਾਨ ਸਿਫਰ ਅਸ਼ਾਰੀਆ 1 ਡਿਗਰੀ ਹੇਠਾਂ ਆ ਗਿਆ ਹੈ, ਜੋ ਆਮ ਨਾਲੋਂ 2.2 ਡਿਗਰੀ ਘੱਟ ਏ। ਸੂਬੇ ਵਿਚ ਸਭ ਤੋਂ ਵੱਧ ਤਾਪਮਾਨ ਸਮਰਾਲਾ (ਲੁਧਿਆਣਾ) ਵਿਚ 34.8

ਡਿਗਰੀ ਦਰਜ ਕੀਤਾ ਗਿਆ ਏ। ਮਾਨਸੂਨ ਰੁਤ ਭਲਕੇ ਯਾਨੀ 30 ਸਤੰਬਰ ਨੂੰ ਖਤਮ ਹੋ ਜਾਵੇਗੀ।